# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 19-12-2024**

ਅੱਜ, **ਗੋਆ ਮੁਕਤੀ ਦਿਵਸ** 'ਤੇ, **ਧੰਨਵਾਦੀ ਰਾਸ਼ਟਰ** ਉਨ੍ਹਾਂ ਲੋਕਾਂ ਨੂੰ ਯਾਦ ਕਰ ਰਿਹਾ ਏ। ਜਿਨ੍ਹਾਂ ਨੇ ਏਸ ਸੁਪਨੇ ਨੂੰ ਸਾਕਾਰ ਕਰਨ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਸਨ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੇਸ਼ ਦੀ ਤਰਫੋਂ ਇਨ੍ਹਾਂ ਯੋਧਿਆਂ ਨੂੰ ਸ਼ਰਧਾਂਜਲੀ ਦਿੱਤੀ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਅਧਿਕਾਰਤ ਐਕਸ ਅਕਾਊਂਟ 'ਤੇ ਲਿਖਿਆ ਗਿਆ ਏ,'' ਦੇਸ਼, ਉਨ੍ਹਾਂ ਬਹਾਦਰਾਂ ਨੂੰ ਸ਼ਰਧਾਂਜਲੀ ਭੇਟ ਕਰਦਾ ਏ ਜਿਨ੍ਹਾਂ ਨੇ ਗੋਆ ਨੂੰ ਬਸਤੀਵਾਦੀ ਸ਼ਾਸਨ ਤੋਂ ਮੁਕਤ ਕਰਵਾਉਣ ਲਈ ਕੁਰਬਾਨੀਆਂ ਦਿੱਤੀਆਂ ਸਨ। ਨਿਡਰ ਆਜ਼ਾਦੀ ਘੁਲਾਟੀਆਂ ਅਤੇ ਹਥਿਆਰਬੰਦ ਸੈਨਾਵਾਂ ਨੂੰ ਉਨ੍ਹਾਂ ਦੇ ਗੈਰ-ਸਾਧਾਰਣ ਸਾਹਸ ਅਤੇ ਸਮਰਪਣ ਲਈ ਅਸੀਂ ਪ੍ਰਣਾਮ ਕਰਦੇ ਹਾਂ।'' ਰਾਸ਼ਟਰਪਤੀ ਨੇ ਗੋਆ ਦੇ

ਲੋਕਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨਾਂ ਦੇ ਖੁਸ਼ਹਾਲ ਭਵਿੱਖ ਦੀ ਕਾਮਨਾ ਕੀਤੀ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਏਸ ਮਹੀਨੇ ਦੀ 29 ਤਰੀਕ ਨੂੰ, ਸਵੇਰੇ 11 ਵਜੇ, ਆਕਾਸ਼ਵਾਣੀ 'ਤੇ ਪ੍ਰੋਗਰਾਮ 'ਮਨ ਕੀ ਬਾਤ' ਵਿਚ, ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਪ੍ਰੋਗਰਾਮ ਦੀ ਇਹ 117ਵੀਂ ਕੜੀ ਹੋਵੇਗੀ । ਸਰੋਤੇ ਏਸ ਪ੍ਰੋਗਰਾਮ ਲਈ ਆਪਣੇ ਸੁਝਾਅ, ਟੋਲ ਫਰੀ ਨੰਬਰ 1800-11-7800 'ਤੇ ਭੇਜ ਸਕਦੇ ਨੇ ਤੇ MyGov ਓਪਨ ਫੋਰਮ ਰਾਹੀਂ ਆਨਲਾਈਨ ਵੀ ਆਪਣੇ ਸੁਝਾਅ ਸਾਂਝੇ ਕਰ ਸਕਦੇ ਨੇ, ਜੋ ਕਿ 27 ਦਸੰਬਰ ਤੱਕ ਭੇਜੇ ਜਾ ਸਕਦੇ ਨੇ । ਏਸ ਪ੍ਰੋਗਰਾਮ ਦਾ ਪ੍ਰਸਾਰਣ ਆਕਾਸ਼ਵਾਣੀ ਤੇ ਦੂਰਦਰਸ਼ਨ ਦੇ ਸਮੁਚੇ ਨੈੱਟਵਰਕਾਂ, AIR ਨਿਊਜ਼ ਵੈੱਬਸਾਈਟ ਅਤੇ News on AIR ਮੋਬਾਈਲ ਐਪ 'ਤੇ ਕੀਤਾ ਜਾਵੇਗਾ । ਏਸ ਪ੍ਰੋਗਰਾਮ ਨੂੰ AIR News, DD News, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ

ਪ੍ਰਸਾਰਣ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਸਿੱਧਾ ਪ੍ਰਸਾਰਤ ਕੀਤਾ ਜਾਵੇਗਾ ।

---------------------------------------------------------------

ਜੰਮੂ-ਕਸ਼ਮੀਰ 'ਚ ਚੱਲ ਰਹੀ ਦਹਿਸ਼ਤਗਰਦੀ ਵਿਰੋਧੀ ਮੁਹਿੰਮ ਦੌਰਾਨ ਅੱਜ ਸਵੇਰੇ ਕੁਲਗਾਮ ਜ਼ਿਲੇ 'ਚ ਸੁਰੱਖਿਆ ਬਲਾਂ ਨਾਲ ਹੋਏ ਮੁਕਾਬਲੇ 'ਚ 5 ਦਹਿਸ਼ਤਗਰਦ ਮਾਰੇ ਗਏ ਨੇ । ਫੌਜ ਦੇ ਬੁਲਾਰੇ ਨੇ ਇਸ ਬਾਰੇ ਪੁਸ਼ਟੀ ਕੀਤੀ ਏ ਤੇ ਦਸਿਆ ਏ ਕਿ ਇਸ ਮੁਕਾਬਲੇ ਦੌਰਾਨ, ਜ਼ਖਮੀ ਹੋਏ 2 ਜਵਾਨਾਂ ਨੂੰ ਇਲਾਜ ਲਈ ਪਹੁੰਚਾ ਦਿਤਾ ਗਿਆ ਏ । ਇਸ ਤੋਂ ਪਹਿਲਾਂ, ਬੀਤੀ ਰਾਤ ਦਹਿਸ਼ਤਗਰਦਾਂ ਦੀ ਮੌਜੂਦਗੀ ਬਾਰੇ ਸੂਚਨਾ ਦੇ ਆਧਾਰ 'ਤੇ ਇਲਾਕੇ 'ਚ ਘੇਰਾਬੰਦੀ ਅਤੇ ਭਾਲ ਮੁਹਿੰਮ ਸ਼ੁਰੂ ਕੀਤੀ ਗਈ ਸੀ। ਸੁਰੱਖਿਆ ਬਲਾਂ ਨੇ ਦੱਸਿਆ ਕਿ, ਜਿਵੇਂ ਹੀ ਸਾਂਝੀਆਂ ਫੋਰਸਾਂ ਕਾਦਰ ਪਿੰਡ 'ਚ ਸ਼ੱਕੀ ਸਥਾਨ 'ਤੇ ਪੁਜੀਆਂ ਤਾਂ ਉਥੇ ਲੁਕੇ ਦਹਿਸ਼ਤਗਰਦਾਂ ਨੇ, ਉਨ੍ਹਾਂ 'ਤੇ ਅੰਨ੍ਹੇਵਾਹ ਗੋਲੀਬਾਰੀ ਸ਼ੁਰੂ ਕਰ ਦਿੱਤੀ, ਜਿਸ ਨਾਲ ਮੁਕਾਬਲਾ ਸ਼ੁਰੂ ਹੋ ਗਿਆ। ਫੌਜ ਦੇ ਬੁਲਾਰੇ ਨੇ

ਦੱਸਿਆ ਕਿ ਤਲਾਸ਼ੀ ਮੁਹਿੰਮ ਜਾਰੀ ਏ ਅਤੇ ਮਾਰੇ ਗਏ ਦਹਿਸ਼ਤਗਰਦਾਂ ਦੀ ਪਛਾਣ ਕੀਤੀ ਜਾ ਰਹੀ ਏ।

---------------------------------------------------------------

ਪੰਜਾਬ ਸਰਕਾਰ ਵੱਲੋਂ ਸੜਕ ਹਾਦਸਾ ਪੀੜਤਾਂ ਨੂੰ ਇਲਾਜ ਮੁਹੱਈਆ ਕਰਵਾਉਣ ਦੇ ਮੱਦੇਨਜ਼ਰ ਸ਼ੁਰੂ ਕੀਤੀ ਗਈ 'ਫਰਿਸ਼ਤੇ ਸਕੀਮ' ਇਨਸਾਨੀ ਜਾਨਾਂ ਬਚਾਉਣ ਲਈ ਮਦਦਗਾਰ ਸਾਬਤ ਹੋ ਰਹੀ ਏ। ਇਸ ਸਬੰਧੀ ਰਾਜ ਸਿਹਤ ਏਜੰਸੀ ਪੰਜਾਬ ਦੇ ਮੁੱਖ ਕਾਰਜਕਾਰੀ ਅਫਸਰ ਸ਼੍ਰੀਮਤੀ ਬਬੀਤਾ ਨੇ ਦੱਸਿਆ ਕਿ। ਇਸ ਯੋਜਨਾ ਤਹਿਤ ਲਗਭਗ 223 ਹਾਦਸਾ ਪੀੜਤਾਂ ਨੂੰ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਗਿਆ ਏ ਤੇ ਹੁਣ ਤੱਕ, 66 ਮਦਦਗਾਰ ਵਿਅਕਤੀ 'ਫਰਿਸ਼ਤੇ' ਵਜੋਂ ਰਾਜ ਸਿਹਤ ਏਜੰਸੀ ਪੰਜਾਬ ਕੋਲ ਰਜਿਸਟਰ ਹੋਏ ਨੇ। ਇਹ ਯੋਜਨਾ ਐਮਰਜੈਂਸੀ ਹੈਲਪਲਾਈਨਾਂ --108, 1033 ਤੇ 112 ਸੜਕ ਸੁਰੱਖਿਆ ਫੋਰਸ ਨਾਲ ਵੀ ਜੁੜੀ ਹੋਈ ਏ। ਉਨ੍ਹਾਂ ਕਿਹਾ ਕਿ ਜੇ ਕੋਈ ਸੂਚੀਬੱਧ ਹਸਪਤਾਲ ਨਕਦ ਭੁਗਤਾਨ ਦੀ ਮੰਗ ਕਰੇ ਤਾਂ ਲਾਭਪਾਤਰੀ, ਰਾਜ ਸਿਹਤ ਏਜੰਸੀ ਪੰਜਾਬ ਕੋਲ ਸ਼ਿਕਾਇਤ

ਦਰਜ ਕਰਵਾ ਸਕਦੇ ਨੇ ਜਾਂ 104 ਮੈਡੀਕਲ ਹੈਲਪਲਾਈਨ ’ਤੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਏ।

---------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਗਰਭਵਤੀ ਔਰਤਾਂ ਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਦੀ ਚੰਗੀ ਸਿਹਤ ਨੂੰ ਯਕੀਨੀ ਬਣਾਉਣ ਲਈ ਕਰੀਬ 70 ਹਜ਼ਾਰ ਲਾਭਪਾਤਰੀਆਂ ਨੂੰ 28 ਕਰੋੜ ਰੁਪਏ ਜਾਰੀ ਕਰਨ ਦੇ ਹੁਕਮ ਦਿੱਤੇ ਨੇ। ਇਸ ਸਬੰਧੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮਾਤਰੂ ਵੰਦਨਾ ਯੋਜਨਾ ਤਹਿਤ ਇਸੇ ਵਿੱਤੀ ਸਾਲ ਦੇ ਅਕਤੂਬਰ ਮਹੀਨੇ ਦੌਰਾਨ 22 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪਹਿਲੇ ਬੱਚੇ ਦੇ ਜਨਮ ਅਤੇ ਦੂਜੇ ਬੱਚੇ ਕੁੜੀ ਦੇ ਜਨਮ ਤੇ ਕੁੱਲ 65 ਹਜਾਰ 478 ਔਰਤ ਲਾਭਪਾਤਰੀਆਂ ਨੂੰ ਸਿੱਧੀ ਉਨ੍ਹਾਂ ਦੇ ਖਾਤਿਆਂ ਵਿਚ ਭੇਜੀ ਜਾ ਚੁੱਕੀ ਏ। ਕੈਬਨਿਟ ਮੰਤਰੀ ਨੇ ਮਹਿਕਮੇ ਦੇ ਅਫਸਰਾਂ ਨੂੰ ਹਦਾਇਤ ਕੀਤੀ ਕਿ ਸੂਬੇ ਦੇ ਯੋਗ ਲਾਭਪਾਤਰੀਆਂ ਦੇ ਫਾਰਮ ਭਰੇ ਜਾਣ ਤਾਂ ਜੋ ਯੋਜਨਾ ਦਾ ਵਧ ਤੋਂ ਵਧ ਲਾਭ ਪਹੁੰਚਾਇਆ ਜਾ

ਸਕੇ। ਉਨ੍ਹਾਂ ਦਸਿਐ ਕਿ ਵਧੇਰੇ ਜਾਣਕਾਰੀ ਲਈ ਲਾਭਪਾਤਰੀ ਆਪਣੇ ਜ਼ਿਲ੍ਹੇ ਦੇ ਆਂਗਨਵਾੜੀ ਸੈਂਟਰ, ਦਫ਼ਤਰ ਬਾਲ ਵਿਕਾਸ ਪ੍ਰੋਜੈਕਟ ਅਫਸਰ ਅਤੇ ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨਾਲ ਸੰਪਰਕ ਕੀਤਾ ਜਾ ਸਕਦਾ ਏ।